SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public



- Immigration
- Real Estate
- Commercial Law
- Affidavit
- Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 24* Issue 02 | Thursday, 2 January 2025 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ



# ਸਵਿਟਜ਼ਰਲੈਂਡ 'ਚ ਬੁਰਕਾ ਪਹਿਨਣ 'ਤੇ ਲੱਗੀ ਪਾਬੰਦੀ, ਕਾਨੂੰਨ ਤੋੜਨ 'ਤੇ ਲੱਗੇਗਾ ਜੁਰਮਾਨਾ

ਬਰਨ, 1 ਜਨਵਰੀ (ਪੋਸਟ ਬਿਊਰੋ): ਸਵਿਟਜ਼ਰਲੈਂਡ 'ਚ ਜਨਤਕ ਥਾਵਾਂ 'ਤੇ ਔਰਤਾਂ ਦੇ ਹਿਜਾਬ, ਬੁਰਕੇ ਜਾਂ ਕਿਸੇ ਹੋਰ ਤਰੀਕੇ ਨਾਲ ਮੂੰਹ ਢੱਕਣ 'ਤੇ ਪਾਬੰਦੀ ਲਾਗੂ ਹੋ ਗਈ ਹੈ। ਨਿਊਜ਼ ਏਜੰਸੀ ਰਾਈਟਰਜ਼ ਮੁਤਾਬਕ ਇਸ ਕਾਨੂੰਨ ਦੀ ਉਲੰਘਣਾ ਕਰਨ 'ਤੇ 1000 ਸਵਿਸ ਫ੍ਰੈਂਕ ਯਾਨੀ ਲਗਭਗ 96 ਹਜ਼ਾਰ ਰੁਪਏ ਤੱਕ ਦਾ ਜੁਰਮਾਨਾ ਲਗਾਇਆ ਜਾਵੇਗਾ।

2021 ਵਿਚ ਸਵਿਟਜ਼ਰਲੈਂਡ ਵਿਚ ਹੋਏ ਜਨਮਤ ਸੰਗ੍ਰਹਿ ਵਿਚ 51.21% ਨਾਗਰਿਕਾਂ ਨੇ ਬੁਰਕੇ 'ਤੇ ਪਾਬੰਦੀ ਲਗਾਉਣ ਦੇ ਪੱਖ ਵਿੱਚ ਵੋਟ ਦਿਤੀ ਸੀ। ਇਸ ਤੋਂ ਬਾਅਦ ਬੁਰਕੇ 'ਤੇ ਪਾਬੰਦੀ ਨੂੰ ਲੈ ਕੇ ਇਕ ਕਾਨੂੰਨ ਬਣਾਇਆ ਗਿਆ, ਜੋ 1 ਜਨਵਰੀ 2025 ਤੋਂ ਲਾਗੂ ਹੋ ਗਿਆ ਹੈ।



ਸਵਿਟਜ਼ਰਲੈਂਡ ਤੋਂ ਪਹਿਲਾਂ ਬੈਲਜ਼ੀਅਮ, ਫ਼ਰਾਂਸ, ਡੈਨਮਾਰਕ, ਆਸਟਰੀਆ, ਨੀਦਰਲੈਂਡ ਅਤੇ ਬੁਲਗਾਰੀਆ ਵਿਚ ਵੀ ਬੁਰਕੇ ਸਬੰਧੀ ਕਾਨੂੰਨ ਬਣ ਚੁੱਕੇ ਹਨ। ਇਸ ਕਾਨੂੰਨ ਤੋਂ ਬਾਅਦ ਔਰਤਾਂ ਜਨਤਕ ਦਫ਼ਤਰਾਂ, ਜਨਤਕ ਆਵਾਜਾਈ, ਰੈਸਟੋਰੈਂਟ, ਦੁਕਾਨਾਂ ਅਤੇ ਹੋਰ ਥਾਵਾਂ 'ਤੇ ਆਪਣੇ ਚਿਹਰੇ ਨੂੰ ਪੂਰੀ ਤਰ੍ਹਾਂ ਢੱਕ ਨਹੀਂ ਸਕਣਗੀਆਂ।

2022 ਵਿਚ ਨੈਸ਼ਨਲ ਕੌਂਸਲ, ਸਵਿਸ ਸੰਸਦ ਦੇ ਹੇਠਲੇ ਸਦਨ 'ਚ ਚਿਹਰਾ ਢੱਕਣ 'ਤੇ ਪਾਬੰਦੀ ਲਗਾਉਣ ਲਈ ਇੱਕ ਕਾਨੂੰਨ ਸਬੰਧੀ ਵੋਟਿੰਗ ਹੋਈ। ਇਸ ਦੌਰਾਨ 151 ਮੈਂਬਰਾਂ ਨੇ ਮਤੇ ਦੇ ਹੱਕ ਵਿਚ ਅਤੇ 29 ਮੈਂਬਰਾਂ ਨੇ ਵਿਰੋਧ ਵਿਚ ਵੋਟ ਪਾਈ ਜਿਸ ਤੋਂ ਬਾਅਦ ਇਸ ਸਬੰਧੀ ਕਾਨੂੰਨ ਬਣਾਇਆ ਗਿਆ।

# ਜੈਸ਼ੰਕਰ ਵੱਲੋਂ ਕਤਰ ਦੇ ਪ੍ਰਧਾਨ ਮੰਤਰੀ ਨਾਲ ਮੁਲਾਕਾਤ



ਦੋਹਾ, 1 ਜਨਵਰੀ (ਪੋਸਟ ਬਿਊਰੋ): ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੇ ਅੱਜ ਕਤਰ ਦੇ ਪ੍ਰਧਾਨ ਮੰਤਰੀ ਤੇ ਵਿਦੇਸ਼ ਮੰਤਰੀ ਸ਼ੇਖ ਮੁਹੰਮਦ ਬਿਨ ਅਬਦੁਲ ਰਹਿਮਾਨ ਬਿਨ ਜਾਸਿਮ ਅਲ ਥਾਨੀ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨਾਲ ਖੇਤਰੀ ਤੇ ਆਲਮੀ ਮਸਲਿਆਂ ਤੋਂ ਇਲਾਵਾ ਦੁਵੱਲਾ ਸਹਿਯੋਗ ਵਧਾਉਣ ਬਾਰੇ ਚਰਚਾ ਕੀਤੀ। ਇਹ ਜੈਸ਼ੰਕਰ ਦੀ ਇਸ ਸਾਲ ਦੀ ਪਹਿਲੀ ਕੂਟਨੀਤਕ ਭਾਗੀਦਾਰੀ ਸੀ ਜੋ 30 ਦਸੰਬਰ ਨੂੰ ਤਿੰਨ ਰੋਜ਼ਾ ਯਾਤਰਾ 'ਤੇ ਇੱਥੇ ਪਹੁੰਚੇ ਸਨ। ਉਨ੍ਹਾਂ ਐਕਸ 'ਤੇ ਲਿਖਿਆ ਕਿ ਅੱਜ ਦੋਹਾ 'ਚ ਪ੍ਰਧਾਨ ਮੰਤਰੀ ਤੇ ਵਿੱਤ ਮੰਤਰੀ ਐੱਮਬੀਏ ਅਲ ਥਾਨੀ ਨੂੰ ਮਿਲ ਕੇ ਖੁਸ਼ੀ ਹੋਈ। 2025 'ਚ ਮੇਰੀ ਪਹਿਲੀ ਕੂਟਨੀਤਕ ਭਾਗੀਦਾਰੀ। ਸਾਡੇ ਦੁਵੱਲੇ ਸਹਿਯੋਗ ਦੀ ਇੱਕ ਸਾਰਥਿਕ ਸਮੀਖਿਆ, ਹਾਲ ਹੀ ਦੇ ਖੇਤਰੀ ਤੇ ਆਲਮੀ ਵਿਕਾਸ ਬਾਰੇ ਚਰਚਾ ਹੋਈ।' ਵਿਦੇਸ਼ ਮੰਤਰਾਲੇ ਨੇ ਇਸ ਤੋਂ ਪਹਿਲਾਂ ਕਿਹਾ ਸੀ ਕਿ ਜੈਸ਼ੰਕਰ ਦੀ ਯਾਤਰਾ ਦੋਨਾਂ ਧਿਰਾਂ ਨੂੰ ਸਿਆਸੀ, ਵਪਾਰ, ਨਿਵੇਸ਼, ਊਰਜਾ, ਸੁਰੱਖਿਆ, ਸੱਭਿਆਚਾਰ ਤੋਂ ਇਲਾਵਾ ਖੇਤਰੀ ਤੇ ਕੌਮਾਂਤਰੀ ਮੁੱਦਿਆਂ ਸਮੇਤ ਦੁਵੱਲੇ ਸਬੰਧਾਂ ਦੇ ਵੱਖ ਵੱਖ ਪੱਖਾਂ ਦੀ ਸਮੀਖਿਆ ਕਰਨ ਦੇ ਸਮਰੱਥ ਬਣਾਏਗੀ।

# ਦਿਲਜੀਤ ਦੁਸਾਂਝ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਕੀਤੀ ਮੁਲਾਕਾਤ

## ਪ੍ਰਧਾਨ ਮੰਤਰੀ ਨੇ ਕਿਹਾ- ਤੁਸੀਂ ਲੋਕਾਂ ਦੇ ਦਿਲ ਜਿੱਤਦੇ ਹੋ

ਨਵੀਂ ਦਿੱਲੀ, 1 ਜਨਵਰੀ (ਪੋਸਟ ਬਿਊਰੋ): ਲੁਧਿਆਣਾ ਵਿਚ ਪੰਜਾਬੀ ਗਾਇਕ ਦਿਲਜੀਤ ਦੁਸਾਂਝ ਦਾ ਦਿਲ ਲੁਮਿਨਾਟੀ ਟੂਰ 31 ਦਸੰਬਰ ਦੀ ਰਾਤ ਨੂੰ ਸਮਾਪਤ ਹੋ ਗਿਆ। ਲੁਧਿਆਣਾ ਸ਼ੋਅ ਤੋਂ ਬਾਅਦ ਦਿਲਜੀਤ ਸਿੱਧੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਮਿਲਣ ਗਏ। ਦੁਸਾਂਝ ਨੇ ਪ੍ਰਧਾਨ ਮੰਤਰੀ ਮੋਦੀ ਨਾਲ ਮੁਲਾਕਾਤ ਦੀਆਂ ਕੁਝ ਤਸਵੀਰਾਂ ਅਤੇ ਵੀਡੀਓ ਵੀ ਸੋਸ਼ਲ ਮੀਡੀਆ 'ਤੇ ਸ਼ੇਅਰ ਕੀਤੀਆਂ ਹਨ। ਜਿਸ ਤੋਂ ਬਾਅਦ ਦਿਲਜੀਤ ਦੀ ਉਨ੍ਹਾਂ ਦੇ ਪ੍ਰਸ਼ੰਸਕਾਂ ਵੱਲੋਂ ਕਾਫੀ ਤਾਰੀਫ ਕੀਤੀ ਗਈ।

ਦਿਲਜੀਤ ਨੇ ਐਕਸ 'ਤੇ ਲਿਖਿਆ 2025 ਦੀ ਸ਼ੁਰੂਆਤ ਸ਼ਾਨਦਾਰ ਰਹੀ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਬਹੁਤ ਯਾਦਗਾਰ ਰਹੇਗੀ। ਅਸੀਂ ਸੰਗੀਤ ਸਮੇਤ ਕਈ ਚੀਜ਼ਾਂ ਬਾਰੇ ਗੱਲ ਕੀਤੀ।



ਪ੍ਰਧਾਨ ਮੰਤਰੀ ਮੋਦੀ ਨੇ ਗੱਲਬਾਤ ਕਰਦਿਆਂ ਕਿਹਾ ਕਿ ਚੰਗਾ ਲੱਗਦਾ ਹੈ ਜਦੋਂ ਭਾਰਤ ਦੇ ਇੱਕ ਪਿੰਡ ਦਾ ਮੁੰਡਾ ਦੁਨੀਆਂ ਵਿੱਚ ਆਪਣਾ ਨਾਮ ਮਸ਼ਹੂਰ ਕਰਦਾ ਹੈ। ਤੁਹਾਡੇ ਪਰਿਵਾਰ ਨੇ ਤੁਹਾਡਾ ਨਾਂ ਦਿਲਜੀਤ ਰੱਖਿਆ ਹੈ, ਇਸ ਲਈ ਤੁਸੀਂ ਲੋਕਾਂ ਦਾ ਦਿਲ ਜਿੱਤਦੇ ਰਹਿੰਦੇ ਹੋ।

# ਲਖਨਊ ਵਿਚ ਚਾਰ ਭੈਣਾਂ ਤੇ ਮਾਂ ਦਾ ਕਾਤਲ ਕੀਤਾ ਗ੍ਰਿਫ਼ਤਾਰ, ਘਰੇਲੂ ਵਿਵਾਦ ਕਾਰਨ ਕੀਤੇ ਕਤਲ

ਲਖਨਊ, 1 ਜਨਵਰੀ (ਪੋਸਟ ਬਿਊਰੋ): ਲਖਨਊ ਵਿੱਚ ਅੱਜ ਸਵੇਰੇ ਹੋਟਲ 'ਚ 24 ਸਾਲਾ ਨੌਜਵਾਨ ਨੇ ਆਪਣੀਆਂ ਚਾਰ ਭੈਣਾਂ ਤੇ ਮਾਂ ਦਾ ਕਤਲ ਕਰ ਦਿੱਤਾ। ਪੁਲਿਸ ਨੇ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਮੁਲਜ਼ਮ ਨੇ ਆਪਣੀਆਂ ਭੈਣਾਂ ਤੇ ਮਾਂ ਦੀਆਂ ਬਾਹਾਂ ਦੀਆਂ ਨਾੜਾਂ ਤੇ ਗਲਾ ਕੱਟਣ ਦੀ ਗੱਲ ਕਬੂਲੀ ਹੈ। ਡੀਸੀਪੀ (ਸੈਂਟਰਲ ਲਖਨਊ) ਰਵੀਨਾ ਤਿਆਗੀ ਨੇ ਕਿਹਾ ਕਿ ਘਟਨਾ ਨਾਕਾ ਖੇਤਰ ਵਿੱਚ ਸਥਿਤ ਹੋਟਲ ਸ਼ਰਨਜੀਤ 'ਚ ਵਾਪਰੀ। ਮੁਲਜ਼ਮ ਦੀ ਪਛਾਣ ਮੁਹੰਮਦ ਅਰਸ਼ਦ (24) ਦੇ ਰੂਪ ਵਿੱਚ ਹੋਈ ਹੈ। ਇਸ ਘਟਨਾ ਤੋਂ ਬਾਅਦ ਸਥਾਨਕ ਪੁਲਿਸ ਨੇ ਉਸ ਨੂੰ ਘਟਨਾ ਸਥਾਨ ਤੋਂ ਹੀ ਕਾਬੂ ਕਰ ਲਿਆ।




ਪੁਲਿਸ ਮੁਤਾਬਕ ਮ੍ਰਿਤਕਾਂ ਦੀ ਪਛਾਣ ਮੁਲਜ਼ਮ ਦੀਆਂ ਭੈਣਾਂ ਆਲੀਆ (9), ਅਲਸ਼ੀਆ (19), ਅਕਸਾ (16) ਤੇ ਰਹਿਮੀਨ (18) ਤੇ ਮਾਂ ਅਸਮਾ ਵਜੋਂ ਹੋਈ ਹੈ। ਅਰਸ਼ਦ ਆਗਰਾ ਦਾ ਰਹਿਣ ਵਾਲਾ ਹੈ ਅਤੇ ਸ਼ੁਰੂਆਤੀ ਪੜਤਾਲ ਤੋਂ ਪਤਾ ਲੱਗਾ ਹੈ ਕਿ ਉਸ ਨੇ ਘਰੇਲੂ ਵਿਵਾਦਾਂ ਕਾਰਨ ਕਤਲ ਕੀਤੇ। ਪੁਲਿਸ ਵੱਲੋਂ ਹੋਟਲ ਦੇ ਕਰਮਚਾਰੀਆਂ ਕੋਲੋਂ ਵੀ ਪੁੱਛ-ਪੜਤਾਲ ਕੀਤੀ ਜਾ ਰਹੀ ਹੈ। ਘਟਨਾ ਸਥਾਨ 'ਤੇ ਪੁੱਜੇ ਸੰਯੁਕਤ ਪੁਲਿਸ ਕਮਿਸ਼ਨਰ (ਅਪਰਾਧ ਤੇ ਹੈੱਡਕੁਆਰਟਰ) ਬਬਲੂ ਕੁਮਾਰ ਨੇ ਮੀਡੀਆ ਨਾਲ ਗੱਲਬਾਤ ਦੌਰਾਨ ਕਿਹਾ ਕਿ ਫੋਰੈਂਸਿਕ ਟੀਮ ਸਬੂਤ ਇਕੱਠੇ ਕਰਨ ਲਈ ਚੌਕਸੀ ਨਾਲ ਜਾਂਚ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਹੋਟਲ ਦੇ ਕਰਮਚਾਰੀਆਂ ਕੋਲੋਂ ਵੀ ਪੁੱਛ-ਪੜਤਾਲ ਕੀਤੀ ਜਾ ਰਹੀ ਹੈ। ਕੁਮਾਰ ਨੇ ਕਿਹਾ ਕਿ ਬਰਾਮਦ ਕੀਤੀਆਂ ਲਾਸ਼ਾਂ ਵਿੱਚ ਸੱਟਾਂ ਦੇ ਨਿਸ਼ਾਨਾਂ, ਗਵਾਹਾਂ ਦੇ ਬਿਆਨਾਂ ਅਤੇ ਪੋਸਟਮਾਰਟਮ ਰਿਪੋਰਟ ਦੇ ਆਧਾਰ 'ਤੇ ਅਸੀਂ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਾਂਗੇ।

# ਬਰਤਾਨੀਆ ਸਰਕਾਰ ਨੇ ਭਾਰਤ ਯਾਤਰਾ ਦੌਰਾਨ ਬਰਤਾਨਵੀ ਨਾਗਰਿਕਾਂ ਨੂੰ ਟਰੈਵਲ ਐਡਵਾਇਜ਼ਰੀ ਕੀਤੀ ਜਾਰੀ

ਲੰਡਨ, 1 ਜਨਵਰੀ (ਪੋਸਟ ਬਿਊਰੋ): ਬੀਤੇ ਦਿਨੀਂ ਬਰਤਾਨੀਆ ਦੀ ਸਰਕਾਰ ਨੇ ਟਰੈਵਲ ਐਡਵਾਇਜ਼ਰੀ ਦਿੰਦਿਆਂ ਭਾਰਤ ਯਾਤਰਾ ਦੌਰਾਨ ਬਰਤਾਨਵੀ ਨਾਗਰਿਕਾਂ ਨੂੰ ਬਿਨ੍ਹਾਂ ਲਾਈਸੈਂਸ ਦੇ ਭਾਰਤ ਵਿਚ ਸੈਟੇਲਾਈਟ ਫੋਨ ਲੈ ਕੇ ਜਾਣ ਜਾਂ ਇਸਦੀ ਵਰਤੋਂ ਕਰਨ ਤੋਂ ਬਚਣ ਲਈ ਚਿਤਾਵਨੀ ਦਿੱਤੀ ਹੈ। ਵਿਦੇਸ਼, ਰਾਸ਼ਟਰਮੰਡਲ ਤੇ ਵਿਕਾਸ ਦਫ਼ਤਰ (ਐੱਫ. ਸੀ. ਡੀ. ਓ.) ਨੇ ਭਾਰਤ ਲਈ ਆਪਣੀ ਸਲਾਹ ਦੀ ਸਮੀਖਿਆ ਕੀਤੀ, ਰਿਪੋਰਟ ਦਿੱਤੀ ਕਿ ਬਰਤਾਨਵੀ ਯਾਤਰੀਆਂ ਨੂੰ ਗੈਰ-ਕਾਨੂੰਨੀ ਢੰਗ ਨਾਲ ਭਾਰਤ 'ਚ ਅਜਿਹੇ ਉਪਕਰਣ ਲਿਆਉਣ ਲਈ ਗ੍ਰਿਫ਼ਤਾਰ ਕੀਤਾ ਗਿਆ ਹੈ।



ਐਡਵਾਇਜ਼ਰੀ 'ਚ ਇਹ ਉਜਾਗਰ ਕੀਤਾ ਗਿਆ ਹੈ ਕਿ ਕੁਝ ਸੁਣਨ ਵਾਲੇ ਯੰਤਰਾਂ ਅਤੇ 'ਸ਼ਕਤੀਸ਼ਾਲੀ ਕੈਮਰੇ ਜਾਂ ਦੂਰਬੀਨ' ਲਈ ਵੀ ਦੂਰਸੰਚਾਰ ਵਿਭਾਗ ਤੋਂ ਅਗਾਊਂ ਇਜਾਜ਼ਤ ਦੀ ਲੋੜ ਹੁੰਦੀ ਹੈ ਤੇ ਅਜਿਹੇ ਉਪਕਰਨਾਂ ਬਾਰੇ ਸਲਾਹ ਲੰਡਨ ਸਥਿਤ ਭਾਰਤੀ ਹਾਈ ਕਮਿਸ਼ਨ ਤੋਂ ਪ੍ਰਾਪਤ ਕੀਤੀ ਜਾ ਸਕਦੀ ਹੈ । ਦਫ਼ਤਰ ਨੇ ਕਿਹਾ ਕਿ ਕਿ ਭਾਰਤ ਵਿਚ ਬਿਨ੍ਹਾਂ ਲਾਈਸੈਂਸ ਦੇ ਸੈਟੇਲਾਈਟ ਫ਼ੋਨ ਰੱਖਣਾ ਤੇ ਚਲਾਉਣਾ ਗੈਰ-ਕਾਨੂੰਨੀ ਹੈ। ਬਰਤਾਨਵੀ ਨਾਗਰਿਕਾਂ ਨੂੰ ਬਿਨ੍ਹਾਂ ਅਗਾਊਂ ਇਜਾਜ਼ਤ ਦੇ ਦੇਸ਼ ਵਿਚ ਸੈਟੇਲਾਈਟ ਫੋਨ ਤੇ ਹੋਰ ਸੈਟੇਲਾਈਟ- ਸਮਰੱਥ ਨੈਵੀਗੇਸ਼ਨ ਉਪਕਰਣ ਲਿਆਉਣ ਲਈ ਗ੍ਰਿਫ਼ਤਾਰ ਕੀਤਾ ਗਿਆ ਹੈ ਜਾਂ ਹਿਰਾਸਤ ਵਿਚ ਲਿਆ ਗਿਆ ਹੈ। ਐਡਵਾਇਜ਼ਰੀ ਅਨੁਸਾਰ ਲਾਈਸੈਂਸ ਲਈ ਭਾਰਤੀ ਦੂਰਸੰਚਾਰ ਵਿਭਾਗ ਨਾਲ ਸੰਪਰਕ ਕਰਨਾ ਚਾਹੀਦਾ ਹੈ।

# ਜਲ ਸੈਨਾ 'ਚ ਦੋ ਜੰਗੀ ਬੇੜੇ 'ਸੂਰਤ', 'ਨੀਲਗਿਰੀ' ਅਤੇ ਪਣਡੁੱਬੀ 'ਵਾਗਸ਼ੀਰ' ਕੀਤੇ ਜਾਣਗੇ ਸ਼ਾਮਿਲ



ਨਵੀਂ ਦਿੱਲੀ, 1 ਜਨਵਰੀ (ਪੋਸਟ ਬਿਊਰੋ): ਭਾਰਤੀ ਜਲ ਸੈਨਾ ਦੇਸ ਵਿੱਚ ਹੀ ਤਿਆਰ ਕੀਤੇ ਗਏ ਦੋ ਜੰਗੀ ਬੇੜਿਆਂ ਤੇ ਡੀਜ਼ਲ-ਇਲੈਕਟ੍ਰਿਕ ਪਣਡੁੱਬੀ ਨੂੰ 15 ਜਨਵਰੀ ਨੂੰ ਸੇਵਾ ਵਿੱਚ ਸ਼ਾਮਿਲ ਕਰੇਗੀ। ਅਧਿਕਾਰੀਆਂ ਨੇ ਦੱਸਿਆ ਕਿ ਇਨ੍ਹਾਂ ਵਿੱਚ ਮਿਜ਼ਾਈਲਾਂ ਨੂੰ ਤਬਾਹ ਕਰਨ ਵਾਲਾ 'ਸੂਰਤ', ਗੁਪਤ ਜੰਗੀ ਜਹਾਜ਼ 'ਨੀਲਗਿਰੀ' ਅਤੇ ਪਣਡੁੱਬੀ 'ਵਾਗਸ਼ੀਰ' ਸ਼ਾਮਿਲ ਹਨ, ਜੋ ਆਧੁਨਿਕ ਹਥਿਆਰਾਂ ਅਤੇ ਸੈਂਸਰਾਂ ਨਾਲ ਲੈਸ ਹਨ। ਇਨ੍ਹਾਂ ਜੰਗੀ ਬੇੜਿਆਂ ਤੇ ਪਣਡੁੱਬੀ ਨੂੰ ਮੁੰਬਈ ਵਿੱਚ ਜਲ ਸੈਨਾ ਵੱਲੋਂ ਕਰਵਾਏ ਜਾਣ ਵਾਲੇ ਇੱਕ ਸਮਾਗਮ ਵਿੱਚ ਸੇਵਾ 'ਚ ਸ਼ਾਮਿਲ ਕੀਤਾ ਜਾਵੇਗਾ। ਅਧਿਕਾਰੀਆਂ ਨੇ ਦੱਸਿਆ ਕਿ ਇਹ ਤਿੰਨੋਂ ਮੁੰਬਈ ਵਿੱਚ ਸਥਿਤ ਮੈਜ਼ਾਗੌਨ ਡੌਕ ਸ਼ਿਪਬਿਲਡਰਜ਼ ਲਿਮਟਿਡ ਵਿੱਚ ਡਿਜ਼ਾਈਨ ਅਤੇ ਤਿਆਰ ਕੀਤੇ ਗਏ ਹਨ ਜੋ ਰੱਖਿਆ ਖੇਤਰ ਵਿੱਚ ਭਾਰਤ ਦੀ ਵਧਦੀ ਸਵੈ-ਨਿਰਭਰਤਾ ਦਾ ਸਬੂਤ ਹਨ।

# ਕੇਂਦਰ ਸਰਕਾਰ ਵੱਲੋਂ ਕਿਸਾਨਾਂ ਲਈ ਅਹਿਮ ਐਲਾਨ, ਡੀਏਪੀ 'ਤੇ ਸਬਸਿਡੀ ਵਧਾਉਣ ਦਾ ਫੈਸਲਾ

ਨਵੀਂ ਦਿੱਲੀ, 1 ਜਨਵਰੀ (ਪੋਸਟ ਬਿਊਰੋ): ਨਵੇਂ ਸਾਲ ਦੇ ਪਹਿਲੇ ਦਿਨ ਕੇਂਦਰ ਸਰਕਾਰ ਨੇ ਕਿਸਾਨਾਂ ਲਈ ਅਹਿਮ ਐਲਾਨ ਕੀਤਾ ਹੈ। ਕੇਂਦਰੀ ਕੈਬਨਿਟ ਦੇ ਫੈਸਲਿਆਂ ਦੀ ਜਾਣਕਾਰੀ ਦਿੰਦਿਆਂ ਕੇਂਦਰੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਡੀਏਪੀ 'ਤੇ ਸਬਸਿਡੀ ਵਧਾਉਣ ਦਾ ਐਲਾਨ ਕੀਤਾ ਹੈ। ਇਸ ਦੇ ਲਈ ਮੰਤਰੀ ਮੰਡਲ ਨੇ 3,850 ਕਰੋੜ ਰੁਪਏ ਤੱਕ ਦੇ ਯਕਮੁਸ਼ਤ ਵਿਸ਼ੇਸ਼ ਪੈਕੇਜ ਨੂੰ ਮਨਜ਼ੂਰੀ ਦੇ ਦਿੱਤੀ ਹੈ।

ਮੰਤਰੀ ਮੰਡਲ ਨੇ 01.01.2025 ਤੋਂ 31.12.2025 ਤੱਕ ਦੀ ਮਿਆਦ ਲਈ ਸਬਸਿਡੀ ਤੋਂ ਡੀ-ਅਮੋਨੀਅਮ ਫਾਸਫੇਟ 'ਤੇ ਇੱਕ ਵਾਰ ਦੇ ਵਿਸ਼ੇਸ਼ ਪੈਕੇਜ ਨੂੰ ਪ੍ਰਵਾਨਗੀ ਦੇ ਦਿੱਤੀ ਹੈ ਤਾਂ ਜੋ ਕਿਸਾਨਾਂ ਨੂੰ ਸਸਤੀਆਂ ਕੀਮਤਾਂ 'ਤੇ ਡੀਏਪੀ ਦੀ ਨਿਰੰਤਰ ਉਪਲਬੱਧਤਾ ਯਕੀਨੀ ਬਣਾਈ ਜਾ ਸਕੇ। ਇਸ ਤਹਿਤ ਕਿਸਾਨਾਂ ਨੂੰ ਡੀਏਪੀ ਦਾ 50 ਕਿੱਲੋ ਦਾ ਬੈਗ 1350 ਰੁਪਏ 'ਚ ਉਪਲਬਧ ਕਰਵਾਇਆ ਜਾਵੇਗਾ।

ਇਸਦੇ ਨਾਲ ਹੀ ਕੇਂਦਰੀ ਕੈਬਿਨੇਟ ਨੇ ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਅਤੇ ਪੁਨਰਗਠਿਤ ਮੌਸਮ ਆਧਾਰਿਤ ਫਸਲ ਬੀਮਾ ਯੋਜਨਾ ਨੂੰ 2025-26 ਤੱਕ ਜਾਰੀ ਰੱਖਣ ਦੀ ਮਨਜ਼ੂਰੀ ਦਿੱਤੀ ਹੈ। ਇਸ ਯੋਜਨਾ ਲਈ 2021-22 ਤੋਂ 2025-26 ਤੱਕ ਕੁੱਲ 69,515.71 ਕਰੋੜ ਰੁਪਏ ਖਰਚੇ ਜਾਣਗੇ।

# ਪੰਜ ਹਜ਼ਾਰ ਰੁਪਏ ਰਿਸ਼ਵਤ ਲੈਂਦਾ ਏਐੱਸਆਈ. ਵਿਜੀਲੈਂਸ ਬਿਊਰੋ ਵੱਲੋਂ ਰੰਗੇ ਹੱਥੀਂ ਕਾਬੂ

## ਮੁਲਜ਼ਮ ਨੇ ਪਹਿਲਾਂ ਵੀ ਸ਼ਿਕਾਇਤਕਤਾ ਦਾ ਪੱਖ ਲੈਣ ਬਦਲੇ ਲਈ ਸੀ 1500 ਰੁਪਏ ਰਿਸ਼ਵਤ



ਚੰਡੀਗੜ੍ਹ, 1 ਜਨਵਰੀ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਆਪਣੀ ਮੁਹਿੰਮ ਦੌਰਾਨ ਥਾਣਾ ਸਿਟੀ-2, ਕਪੂਰਥਲਾ ਵਿਖੇ ਤਾਇਨਾਤ ਸਹਾਇਕ ਸਬ ਇੰਸਪੈਕਟਰ (ਏ.ਐਸ.ਆਈ.) ਮਨਜੀਤ ਸਿੰਘ ਨੂੰ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਪੁਲਿਸ ਮੁਲਾਜ਼ਮ ਵਿਰੁੱਧ ਇਹ ਕੇਸ ਕਪੂਰਥਲਾ ਜ਼ਿਲ੍ਹੇ ਦੇ ਫੱਤੂਢੀਂਗਾ ਦੀ ਰਹਿਣ ਵਾਲੀ ਗੁਰਜੀਤ ਕੌਰ ਦੀ ਸ਼ਿਕਾਇਤ 'ਤੇ ਦਰਜ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੱਸਿਆ ਹੈ ਕਿ ਉਕਤ ਮੁਲਜ਼ਮ ਨੇ ਉਸਦੇ ਖਿਲਾਫ਼ ਥਾਣੇ ਵਿੱਚ ਕੀਤੀ ਗਈ ਸ਼ਿਕਾਇਤ ਦੀ ਨਕਲ ਅਤੇ ਉਸ ਵੱਲੋਂ ਸ਼ਿਕਾਇਤ ਕਰਨ ਵਾਲੇ ਵਿਅਕਤੀਆਂ ਨਾਲ ਕੀਤੇ ਗਏ ਰਾਜ਼ੀਨਾਮੇ ਦੀਆਂ ਕਾਪੀਆਂ ਮੁਹੱਈਆ ਕਰਵਾਉਣ ਬਦਲੇ ਉਸ ਤੋਂ 5,000 ਰੁਪਏ ਰਿਸ਼ਵਤ ਮੰਗੀ ਸੀ। ਸ਼ਿਕਾਇਤਕਰਤਾ ਗੁਰਜੀਤ ਕੌਰ ਨੇ ਅੱਗੇ ਦੱਸਿਆ ਕਿ ਮੁਲਜ਼ਮ ਏ.ਐਸ.ਆਈ. ਨੇ ਉਕਤ ਪੁਲਿਸ ਸ਼ਿਕਾਇਤ ਦਾ ਨਿਬੇੜਾ ਉਸਦੇ ਹੱਕ ਵਿੱਚ ਕਰਨ ਲਈ ਉਸ ਤੋਂ ਪਹਿਲਾਂ ਵੀ 1500 ਰੁਪਏ ਲੈ ਲਏ ਹਨ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਉਕਤ ਪੁਲਿਸ ਮੁਲਾਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ ਰਿਸ਼ਵਤ ਦੀ ਰਕਮ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਉਕਤ ਮੁਲਜ਼ਮ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਜਲੰਧਰ ਰੇਂਜ ਵਿਖੇ ਕੇਸ ਦਰਜ ਕਰ ਲਿਆ ਗਿਆ ਹੈ ਅਤੇ ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।

# ਲਾਲਜੀਤ ਸਿੰਘ ਭੁੱਲਰ ਵੱਲੋਂ ਨਵੇਂ ਵਰ੍ਹੇ ਦੌਰਾਨ ਨਵੀਂਆਂ ਬੱਸਾਂ ਖ਼ਰੀਦਣ ਦੇ ਹੁਕਮ

## *ਅਧਿਕਾਰੀਆਂ ਨੂੰ ਸੂਬੇ ਦੇ ਹਰੇਕ ਰੂਟ 'ਤੇ ਸਰਕਾਰੀ ਬੱਸ ਸੇਵਾ ਯਕੀਨੀ ਬਣਾਉਣ ਲਈ ਕਿਹਾ * ਸਰਕਾਰੀ ਬੱਸ ਸੇਵਾ ਤੋਂ ਸੱਖਣੇ ਰੂਟਾਂ ਦੀ ਸੂਚੀ 15 ਦਿਨਾਂ ਦੇ ਅੰਦਰ-ਅੰਦਰ ਦੇਣ ਦੇ ਨਿਰਦੇਸ਼

ਚੰਡੀਗੜ੍ਹ, 1 ਜਨਵਰੀ (ਪੋਸਟ ਬਿਊਰੋ): ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਨਵੇਂ ਵਰ੍ਹੇ ਦੌਰਾਨ ਪੰਜਾਬ ਰੋਡਵੇਜ਼ ਅਤੇ ਪੀ.ਆਰ.ਟੀ.ਸੀ. ਦੇ ਬੇੜੇ ਵਿੱਚ ਨਵੀਆਂ ਬੱਸਾਂ ਸ਼ਾਮਲ ਕਰਨ ਦੇ ਹੁਕਮ ਦਿੱਤੇ ਹਨ।

ਇੱਥੇ ਪੰਜਾਬ ਰੋਡਵੇਜ਼/ਪਨਬੱਸ, ਪੀ.ਆਰ.ਟੀ. ਸੀ. ਅਤੇ ਸਟੇਟ ਟਰਾਂਸਪੋਰਟ ਕਮਿਸ਼ਨਰ ਦਫ਼ਤਰ ਦੇ ਕੰਮ-ਕਾਜ ਦੀ ਸਮੀਖਿਆ ਕਰਨ ਸਬੰਧੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਲਾਲਜੀਤ ਸਿੰਘ ਭੁੱਲਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜਿਵੇਂ ਸਰਕਾਰ ਵੱਲੋਂ ਮਿੱਥੇ ਗਏ ਟੀਚਿਆਂ ਨੂੰ ਬੀਤੇ ਵਰ੍ਹੇ ਦੌਰਾਨ ਹਾਸਲ ਕੀਤਾ ਗਿਆ ਹੈ, ਉਸੇ ਤਰ੍ਹਾਂ ਨਵੇਂ ਵਰ੍ਹੇ ਵਿੱਚ ਵੀ ਟੀਚਿਆਂ ਨੂੰ ਹਾਸਲ ਕਰਦਿਆਂ ਸਰਕਾਰੀ ਮਾਲੀਏ ਵਿਚ ਵਾਧਾ ਕੀਤਾ ਜਾਵੇ।

ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੂਬੇ ਦੇ ਬੱਸ ਅੱਡਿਆਂ ਨੂੰ ਠੇਕੇ 'ਤੇ ਦਿੱਤਾ ਜਾਵੇ ਤਾਂ ਜੋ ਮਾਲੀਆ ਵਧਾਉਣ ਦੇ ਨਾਲ-ਨਾਲ ਉਨ੍ਹਾਂ ਦੀ ਸਾਂਭ-ਸੰਭਾਲ ਅਤੇ ਸਾਫ਼-ਸਫ਼ਾਈ ਨੂੰ ਯਕੀਨੀ ਬਣਾਇਆ ਜਾ ਸਕੇ।

ਉਨ੍ਹਾਂ ਕਿਹਾ ਕਿ ਜਿਨ੍ਹਾਂ ਰੂਟਾਂ ਉਤੇ ਜ਼ਿਆਦਾਤਰ ਨਿੱਜੀ ਬੱਸਾਂ ਚਲਦੀਆਂ ਹਨ ਅਤੇ ਸਰਕਾਰੀ ਬੱਸ ਸਰਵਿਸ ਨਾਮਾਤਰ ਹੈ, ਉਨ੍ਹਾਂ ਰੂਟਾਂ 'ਤੇ ਸਰਕਾਰੀ ਬੱਸ ਸੇਵਾ ਸ਼ੁਰੂ ਕੀਤੀ ਜਾਵੇ ਤਾਂ ਜੋ ਮਹਿਲਾਵਾਂ ਨੂੰ ਮੁਫ਼ਤ ਬੱਸ ਸੇਵਾ ਦਾ ਲਾਭ ਮਿਲਣ ਸਣੇ ਹੋਰਨਾਂ ਯਾਤਰੀਆਂ ਨੂੰ ਸਹੂਲਤ ਮਿਲ ਸਕੇ।

ਉਨ੍ਹਾਂ ਕਿਹਾ ਕਿ ਵਿਭਾਗ ਦੇ ਅਧਿਕਾਰੀ ਸੂਬੇ ਦੇ ਹਰੇਕ ਰੂਟ 'ਤੇ ਸਰਕਾਰੀ ਬੱਸ ਸੇਵਾ ਯਕੀਨੀ ਬਣਾਉਣ ਤਾਂ ਜੋ ਨਿੱਜੀ ਬੱਸ ਅਪ੍ਰੇਟਰਾਂ ਦੀ ਮਨਮਰਜ਼ੀ ਨੂੰ ਠੱਲ੍ਹ ਪਾਈ ਜਾ ਸਕੇ। ਸ. ਭੁੱਲਰ ਨੇ ਅਧਿਕਾਰੀਆਂ ਨੂੰ ਅਜਿਹੇ ਸਾਰੇ ਰੂਟਾਂ, ਜਿਨ੍ਹਾਂ 'ਤੇ ਸਰਕਾਰੀ ਬੱਸ ਸੇਵਾ ਉਪਲਬਧ ਨਹੀਂ ਹੈ, ਉਨ੍ਹਾਂ ਦੀ ਸੂਚੀ 15 ਦਿਨਾਂ ਦੇ ਅੰਦਰ-ਅੰਦਰ ਇਕੱਤਰ ਕਰਕੇ ਪੇਸ਼ ਕਰਨ ਦੇ ਵੀ ਹੁਕਮ ਦਿੱਤੇ।



ਲਾਲਜੀਤ ਸਿੰਘ ਭੁੱਲਰ ਨੇ ਸਟੇਟ ਟਰਾਂਸਪੋਰਟ ਕਮਿਸ਼ਨਰ ਦਫ਼ਤਰ ਦੇ ਅਧਿਕਾਰੀਆਂ ਨੂੰ ਟੈਕਸ ਡਿਫ਼ਾਲਟਰ 'ਤੇ ਨਕੇਲ ਕੱਸਣ ਲਈ ਪ੍ਰਭਾਵੀ ਵਸੂਲੀ ਪ੍ਰਕਿਰਿਆ ਅਪਨਾਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਸੇਵਾਵਾਂ ਨੂੰ ਹੋਰ ਪ੍ਰਭਾਵੀ ਬਣਾਇਆ ਜਾਵੇ ਅਤੇ ਸਰਵਿਸ ਡਿਲੀਵਰੀ ਸਮਾਂਬੱਧ ਤਰੀਕੇ ਨਾਲ ਪ੍ਰਦਾਨ ਕਰਨਾ ਯਕੀਨੀ ਬਣਾਇਆ ਜਾਵੇ।

ਮੀਟਿੰਗ ਦੌਰਾਨ ਪੀ.ਆਰ.ਟੀ.ਸੀ ਦੇ ਚੇਅਰਮੈਨ ਰਣਜੋਧ ਸਿੰਘ ਹਡਾਣਾ, ਵਧੀਕ ਮੁੱਖ ਸਕੱਤਰ ਟਰਾਂਸਪੋਰਟ ਡੀ.ਕੇ. ਤਿਵਾੜੀ, ਐਸ.ਟੀ.ਸੀ. ਜਸਪ੍ਰੀਤ ਸਿੰਘ, ਐਮ.ਡੀ. ਪਨਬੱਸ ਸ੍ਰੀ ਰਾਜੀਵ ਕੁਮਾਰ ਗੁਪਤਾ, ਐਮ.ਡੀ ਪੀ.ਆਰ.ਟੀ.ਸੀ. ਬਿਕਰਮਜੀਤ ਸਿੰਘ ਸ਼ੇਰਗਿੱਲ, ਡਿਪਟੀ ਡਾਇਰੈਕਟਰ ਪਰਨੀਤ ਸਿੰਘ ਮਿਨਹਾਸ, ਏ.ਡੀ.ਓ ਪਨਬੱਸ ਰਾਜੀਵ ਦੱਤਾ, ਜੀ.ਐਮ. ਪੀ.ਆਰ.ਟੀ.ਸੀ. ਮਨਿੰਦਰ ਸਿੰਘ ਅਤੇ ਹੋਰ ਅਧਿਕਾਰੀ ਮੌਜੂਦ ਸਨ।

# ਅਰਵਿੰਦ ਕੇਜਰੀਵਾਲ ਨੇ ਆਰਐੱਸਐੱਸ ਦੇ ਮੁਖੀ ਮੋਹਨ ਭਾਗਵਤ ਨੂੰ ਲਿਖੀ ਚਿੱਠੀ, ਪੁੱਛੇ ਸਵਾਲ

ਨਵੀਂ ਦਿੱਲੀ, 1 ਜਨਵਰੀ (ਪੋਸਟ ਬਿਊਰੋ): ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਮੁਖੀ ਅਰਵਿੰਦ ਕੇਜਰੀਵਾਲ ( ) ਨੇ ਨਵੇਂ ਸਾਲ ਦੇ ਦਿਨ ਰਾਸ਼ਟਰੀ ਸਵੈਮ ਸੇਵਕ ਸੰਘ ਦੇ ਮੁਖੀ ਮੋਹਨ ਭਾਗਵਤ ਨੂੰ ਚਿੱਠੀ ਲਿਖੀ ਹੈ। ਇਸ ਚਿੱਠੀ 'ਚ ਅਰਵਿੰਦ ਕੇਜਰੀਵਾਲ ਨੇ ਭਾਗਵਤ ਨੂੰ ਪੁੱਛਿਆ ਕਿ ਕੀ ਆਰਐਸਐਸ ਭਾਜਪਾ ਦੇ 'ਗਲਤ ਕੰਮਾਂ' ਦਾ ਸਮਰਥਨ ਕਰਦੀ ਹੈ? ਇਸ ਤੋਂ ਬਾਅਦ ਭਾਜਪਾ ਨੇ ਵੀ ਕੇਜਰੀਵਾਲ 'ਤੇ ਪਲਟਵਾਰ ਕੀਤਾ ਹੈ।

ਅਰਵਿੰਦ ਕੇਜਰੀਵਾਲ ਨੇ ਮੋਹਨ ਭਾਗਵਤ ਨੂੰ ਲਿਖੀ ਚਿੱਠੀ 'ਚ ਭਾਜਪਾ 'ਤੇ ਦਿੱਲੀ ਦੀ ਵੋਟਰ ਸੂਚੀ 'ਚੋਂ ਵੋਟਰਾਂ ਦੇ ਨਾਂ ਹਟਾਉਣ ਅਤੇ ਪੈਸੇ ਵੰਡਣ ਦਾ ਦੋਸ਼ ਲਗਾਇਆ ਹੈ। ਭਾਗਵਤ ਨੂੰ ਲਿਖੀ ਚਿੱਠੀ 'ਚ ਕੇਜਰੀਵਾਲ ਨੇ ਕਈ ਸਵਾਲ ਖੜ੍ਹੇ ਕੀਤੇ ਹਨ। ਦਿੱਲੀ ਦੇ ਸਾਬਕਾ ਮੁੱਖ ਮੰਤਰੀ ਨੇ ਭਾਗਵਤ ਨੂੰ ਪੁੱਛਿਆ ਕਿ ਕੀ ਆਰਐਸਐਸ ਭਾਜਪਾ ਦੁਆਰਾ ਕੀਤੇ' ਗਲਤ ਕੰਮਾਂ' ਦਾ ਸਮਰਥਨ ਕਰਦਾ ਹੈ? ਉਨ੍ਹਾਂ ਸਵਾਲ ਕੀਤਾ ਕਿ ਕੀ ਆਰਐਸਐਸ ਭਾਜਪਾ ਆਗੂਆਂ ਵੱਲੋਂ ਵੋਟਾਂ ਖਰੀਦਣ ਲਈ ਪੈਸੇ ਦੀ ਖੁੱਲ੍ਹੀ ਵੰਡ ਅਤੇ ਭਗਵਾ ਪਾਰਟੀ ਵੱਲੋਂ ਵੋਟਰ ਸੂਚੀ 'ਚੋਂ ਪੂਰਵਾਂਚਲੀ ਅਤੇ ਦਲਿਤ ਵੋਟਰਾਂ ਦੇ ਨਾਮ 'ਵੱਡੇ ਪੱਧਰ' ਨੂੰ ਮਿਟਾਉਣ ਦਾ ਸਮਰਥਨ ਕਰਦਾ ਹੈ?

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
416 938 4598

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

MagGas Medical Brampton
MGM
MAGGAS MEDICAL INC.
Helping you breathe deep and rest easy.
• CPAP ਮਸ਼ੀਨਾਂ, ਮਾਸਕ ਅਤੇ ਸਪਲਾਈ
• ਮੁਫ਼ਤ ਸਲਾਹ
• ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ
• ਓਨਟਾਰੀਓ ਵਰਕਸ ਲਈ ਮੁਫ਼ਤ
• ਮੁਫ਼ਤ ਡਿਲੀਵਰੀ
(647) 954-9885
20 Maritime Ont Blvd
Unit 15
Brampton, ON L6S 0C2

ਨਵਾਂ ਘਾਹ ਲਵਾਉ
647-784-1213
www.aaalandscaping.ca
ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
ਨਵਾਂ ਘਾਹ ਲਵਾਉ
ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
*Real Estate
*Residential, Commercial & Franchise
*Criminal Law
*Family Law
*Affidavit, Power Of Attorney & Notarization
*Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

# ਬੌਧਿਕ ਜਾਇਦਾਦ ਵਿੱਚ ਭਾਰਤ ਦੀ ਛਾਲ

ਵਿਜੈ ਗਰਗ

ਪਿਛਲੇ ਪੰਜ ਸਾਲਾਂ ਵਿੱਚ ਦਾਇਰ ਕੀਤੇ ਗਏ ਪੇਟੈਂਟ ਅਤੇ ਉਦਯੋਗਿਕ ਡਿਜ਼ਾਈਨ ਦੇ ਮਾਮਲੇ ਵਿੱਚ ਭਾਰਤ ਦੁਨੀਆ ਦੇ ਚੋਟੀ ਦੇ ਛੇ ਦੇਸ਼ਾਂ ਵਿੱਚ ਸ਼ਾਮਲ ਹੋ ਗਿਆ ਹੈ। ਗਿਆਨ ਰਾਹੀਂ ਹਾਸਲ ਕੀਤੀ ਬੌਧਿਕ ਸੰਪੱਤੀ ਨੂੰ ਆਪਣਾ ਨਾਂ ਬਣਾਉਣ ਲਈ ਇਹ ਭਾਰਤ ਲਈ ਵੱਡੀ ਪ੍ਰਾਪਤੀ ਹੈ। ਬੌਧਿਕ ਸੰਪੱਤੀ ਦੇ ਅਧਿਕਾਰ ਮਨੁੱਖੀ ਮਨ ਦੁਆਰਾ ਕੀਤੀਆਂ ਰਚਨਾਵਾਂ ਨੂੰ ਦਰਸਾਉਂਦੇ ਹਨ। ਵਿਸ਼ਵ ਬੌਧਿਕ ਸੰਪੱਤੀ (ਡਬਲਯੂਆਈਪੀਓ) ਦੀ ਰਿਪੋਰਟ ਦੇ ਅਨੁਸਾਰ, ਸਾਲ 2023 ਵਿੱਚ ਭਾਰਤ ਦੁਆਰਾ ਦਾਇਰ ਕੀਤੇ ਗਏ ਪੇਟੈਂਟਾਂ ਦੀ ਗਿਣਤੀ 64,480 ਸੀ।

ਪੇਟੈਂਟ ਫਾਈਲਿੰਗ ਵਿੱਚ ਵਾਧਾ2022 ਦੇ ਮੁਕਾਬਲੇ ਇਹ 15.7 ਫੀਸਦੀ ਸੀ। 2023 ਵਿੱਚ ਦੁਨੀਆ ਵਿੱਚ 35 ਲੱਖ ਤੋਂ ਵੱਧ ਪੇਟੈਂਟ ਫਾਈਲ ਕੀਤੇ ਗਏ ਸਨ। ਇਹ ਲਗਾਤਾਰ ਚੌਥਾ ਸਾਲ ਸੀ ਜਦੋਂ ਗਲੋਬਲ ਪੇਟੈਂਟ ਫਾਈਲਿੰਗ ਵਧੀ ਹੈ। ਪਿਛਲੇ ਸਾਲ ਚੀਨ ਨੇ ਸਭ ਤੋਂ ਵੱਧ 6.40 ਲੱਖ ਪੇਟੈਂਟ ਜਮ੍ਹਾ ਕਰਵਾਏ, ਜਦਕਿ ਅਮਰੀਕਾ ਨੇ 5,18,364 ਪੇਟੈਂਟ ਜਮ੍ਹਾ ਕਰਵਾਏ। ਸਿਰਫ ਉਹ ਪੇਟੈਂਟ ਦਾਇਰ ਕਰਨ ਦੇ ਯੋਗ ਸੀ. ਇਸ ਤੋਂ ਬਾਅਦ ਜਾਪਾਨ, ਦੱਖਣੀ ਕੋਰੀਆ, ਜਰਮਨੀ ਅਤੇ ਫਿਰ ਭਾਰਤ ਹਨ। ਪੇਟੈਂਟ ਫਾਈਲਿੰਗ 'ਚ ਇਕ ਹੋਰ ਖਾਸ ਗੱਲ ਇਹ ਸੀ ਕਿ ਸਭ ਤੋਂ ਜ਼ਿਆਦਾ ਪੇਟੈਂਟ ਏਸ਼ੀਆਈ ਦੇਸ਼ਾਂ ਨੇ ਫਾਈਲ ਕੀਤੇ ਹਨ। ਸਾਲ 2023 ਵਿੱਚ ਗਲੋਬਲ ਪੇਟੈਂਟ, ਟ੍ਰੇਡਮਾਰਕ ਅਤੇ ਉਦਯੋਗਿਕ ਡਿਜ਼ਾਈਨ ਦਾਇਰ ਕਰਨ ਵਿੱਚਏਸ਼ੀਆ ਦਾ ਹਿੱਸਾ ਕ੍ਰਮਵਾਰ 68.7 ਫੀਸਦੀ, 66.7 ਫੀਸਦੀ ਅਤੇ 69 ਫੀਸਦੀ ਸੀ। ਇਹਨਾਂ ਵਿੱਚ ਕਾਢਾਂ, ਸਾਹਿਤਕ ਅਤੇ ਕਲਾਤਮਕ ਰਚਨਾਵਾਂ, ਡਿਜ਼ਾਈਨ, ਚਿੰਨ੍ਹ, ਨਾਮ ਅਤੇ ਵਣਜ ਦੇ ਖੇਤਰ ਵਿੱਚ ਵਰਤੇ ਜਾਣ ਵਾਲੇ ਚਿੱਤਰ ਸ਼ਾਮਲ ਹਨ। ਦੀ ਸਥਾਪਨਾ ਸੰਯੁਕਤ ਰਾਸ਼ਟਰ ਦੀ ਇੱਕ ਏਜੰਸੀ ਵਜੋਂ ਕੀਤੀ ਗਈ ਸੀ। ਜੇ ਕੋਈ ਵਿਅਕਤੀ ਕਿਸੇ ਚੀਜ਼ ਦੀ ਕਾਢ ਕੱਢਦਾ ਹੈ, ਤਾਂ ਉਹ ਇਸ ਨੂੰ ਪੇਟੈਂਟ ਕਰਵਾ ਲੈਂਦਾ ਹੈ। ਕੰਪਨੀਆਂ ਵੀ ਅਜਿਹਾ ਹੀ ਕਰਦੀਆਂ ਹਨ ਅਤੇ ਜਾਇਦਾਦ ਨੂੰ ਦਰਸਾਉਂਦੇ ਬੋਰਡ ਲਗਾ ਦਿੰਦੀਆਂ ਹਨ। ਉਦਾਹਰਨ ਲਈ, ਉਤਪਾਦ ਅਤੇ ਇਸਨੂੰ ਬਣਾਉਣ ਦਾ ਤਰੀਕਾ ਉਹਨਾਂ ਦੀ ਇਜਾਜ਼ਤ ਤੋਂ ਬਿਨਾਂ ਕਿਸੇ ਹੋਰ ਦੁਆਰਾ ਨਹੀਂ ਵਰਤਿਆ ਜਾ ਸਕਦਾ ਹੈ। ਪੱਛਮੀ ਦੇਸ਼ਾਂ ਦੁਆਰਾ ਲਿਆਂਦਾ ਗਿਆਪੇਟੈਂਟ ਇੱਕ ਅਜਿਹਾ ਕਾਨੂੰਨ ਹੈ ਜੋ ਕਿਸੇ ਵਿਅਕਤੀ ਜਾਂ ਸੰਸਥਾ ਨੂੰ ਬੌਧਿਕ ਸੰਪਤੀ ਦੇ ਅਧਿਕਾਰ ਦਿੰਦਾ ਹੈ। ਅਸਲ ਵਿੱਚ, ਇਹ ਕਾਨੂੰਨ ਭਾਰਤ ਵਰਗੇ ਵਿਕਾਸਸ਼ੀਲ ਦੇਸ਼ਾਂ ਦੇ ਰਵਾਇਤੀ ਗਿਆਨ ਨੂੰ ਹੜੱਪਣ ਲਈ ਲਿਆਇਆ ਗਿਆ ਸੀ, ਜਿਨ੍ਹਾਂ ਕੋਲ ਜੈਵ ਵਿਭਿੰਨਤਾ ਦੇ ਬੇਅੰਤ ਭੰਡਾਰ ਹੋਣ ਦੇ ਨਾਲ-ਨਾਲ ਉਨ੍ਹਾਂ ਦੇ ਨੁਸਖੇ ਵੀ ਮਨੁੱਖਾਂ ਅਤੇ ਜਾਨਵਰਾਂ ਲਈ ਸਿਹਤ ਲਾਭਾਂ ਨਾਲ ਜੁੜੇ ਹੋਏ ਹਨ। ਇਹਨਾਂ ਪਰੰਪਰਾਗਤ ਉਪਚਾਰਾਂ ਦਾ ਅਧਿਐਨ ਕੀਤਾ ਜਾਂਦਾ ਹੈ, ਉਹਨਾਂ ਵਿੱਚ ਮਾਮੂਲੀ ਤਬਦੀਲੀਆਂ ਕੀਤੀਆਂ ਜਾਂਦੀਆਂ ਹਨ ਅਤੇ ਉਹਨਾਂ ਨੂੰ ਇੱਕ ਵਿਗਿਆਨਕ ਸ਼ਬਦਾਵਲੀ ਦਿੱਤੀ ਜਾਂਦੀ ਹੈ, ਅਤੇ ਫਿਰ ਇਸ ਗਿਆਨ ਨੂੰ ਪੇਟੈਂਟ ਦੁਆਰਾ ਨਿਯੰਤਰਿਤ ਕੀਤਾ ਜਾਂਦਾ ਹੈ ਅਤੇ ਇਸਦਾ ਏਕਾਧਿਕਾਰ ਕੁਝ ਲੋਕਾਂ ਨੂੰ ਸੌਂਪ ਦਿੱਤਾ ਜਾਂਦਾ ਹੈ। ਇਹੀ ਕਾਰਨ ਹੈਪੌਦਿਆਂ ਤੋਂ ਤਿਆਰ ਦਵਾਈਆਂ ਦੀ ਵਿਕਰੀ ਲਗਭਗ ਤਿੰਨ ਹਜ਼ਾਰ ਅਰਬ ਡਾਲਰ ਤੱਕ ਪਹੁੰਚ ਗਈ ਹੈ।

ਹਰਬਲ ਜਾਂ ਆਯੁਰਵੈਦਿਕ ਉਤਪਾਦਾਂ ਦੇ ਨਾਂ 'ਤੇ ਭਾਰਤ ਦੀ ਕੁਦਰਤੀ ਦੌਲਤ ਦਾ ਸਭ ਤੋਂ ਵੱਧ ਸ਼ੋਸ਼ਣ ਕੀਤਾ ਜਾ ਰਿਹਾ ਹੈ। ਪੱਛਮੀ ਦੇਸ਼ ਆਯੁਰਵੇਦ ਵਿੱਚ ਅੜਿੱਕੇ ਪੈਦਾ ਕਰਦੇ ਹਨ ਤਾਂ ਜੋ ਉਨ੍ਹਾਂ ਦੀ ਅਜਾਰੇਦਾਰੀ ਟੁੱਟ ਨਾ ਜਾਵੇ। ਪੌਦਿਆਂ ਬਾਰੇ ਜੋ ਜਾਣਕਾਰੀ ਵਿਗਿਆਨੀ ਹੁਣ ਤੱਕ ਹਾਸਲ ਕਰ ਸਕੇ ਹਨ, ਉਨ੍ਹਾਂ ਦੀ ਗਿਣਤੀ ਲਗਭਗ 2.5 ਲੱਖ ਹੈ। ਇਹਨਾਂ ਵਿੱਚੋਂ 50 ਪ੍ਰਤੀਸ਼ਤ ਗਰਮ ਖੰਡੀ ਜੰਗਲੀ ਖੇਤਰਾਂ ਵਿੱਚ ਉਪਲਬਧ ਹਨ। ਭਾਰਤ ਵਿੱਚ 81 ਹਜ਼ਾਰ ਪੌਦਿਆਂ ਅਤੇ ਜਾਨਵਰਾਂ ਦੀਆਂ 47 ਹਜ਼ਾਰ ਕਿਸਮਾਂ ਦੀ ਪਛਾਣ ਕੀਤੀ ਗਈ ਹੈ। ਇਕੱਲੇ ਆਯੁਰਵੇਦਇਸ ਪੁਸਤਕ ਵਿੱਚ ਮਨੁੱਖਤਾ ਲਈ ਪੰਜ ਹਜ਼ਾਰ ਤੋਂ ਵੱਧ ਪੌਦਿਆਂ ਦੇ ਗੁਣਾਂ ਅਤੇ ਔਗੁਣਾਂ ਦੇ ਆਧਾਰ 'ਤੇ ਉਨ੍ਹਾਂ ਦੀ ਮਹੱਤਤਾ ਦਾ ਵਿਸਤ੍ਰਿਤ ਵਰਣਨ ਹੈ। ਬ੍ਰਿਟਿਸ਼ ਵਿਗਿਆਨੀ ਰੌਬਰਟ ਐਮ ਨੇ ਜੀਵ-ਜੰਤੂ ਅਤੇ ਬਨਸਪਤੀ ਦੀ ਦੁਨੀਆ ਵਿੱਚ ਕੁੱਲ 87 ਲੱਖ ਪ੍ਰਜਾਤੀਆਂ ਦਾ ਵਰਣਨ ਕੀਤਾ ਹੈ। ਦਵਾਈਆਂ ਬਣਾਉਣ ਵਾਲੀਆਂ ਵਿਦੇਸ਼ੀ ਕੰਪਨੀਆਂ ਦੀ ਨਜ਼ਰ ਇਸ ਹਰੇ ਸੋਨੇ ਦੇ ਭੰਡਾਰ 'ਤੇ ਹੈ। ਇਸ ਲਈ, 1970 ਵਿੱਚ ਅਮਰੀਕੀ ਪੇਟੈਂਟ ਕਾਨੂੰਨ ਵਿੱਚ ਕੁਝ ਸੋਧਾਂ ਕੀਤੀਆਂ ਗਈਆਂ ਸਨ। ਵਿਸ਼ਵ ਬੈਂਕ ਨੇ ਆਪਣੀ ਇਕ ਰਿਪੋਰਟ 'ਚ ਕਿਹਾ ਸੀ ਕਿ 'ਨਵਾਂ ਪੇਟੈਂਟ ਕਾਨੂੰਨ ਪਰੰਪਰਾਗਤ ਸਵਦੇਸ਼ੀ ਗਿਆਨ ਨੂੰ ਮਹੱਤਵ ਅਤੇ ਮਾਨਤਾ ਨਹੀਂ ਦਿੰਦਾ, ਸਗੋਂ ਇਸ ਦੇ ਉਲਟ ਹੈ।

ਇਹ ਜੀਵ-ਵਿਗਿਆਨਕ ਅਤੇ ਸੱਭਿਆਚਾਰਕ ਵਿਭਿੰਨਤਾ ਅਤੇ ਇਲਾਜ ਦੀਆਂ ਸਵਦੇਸ਼ੀ ਪ੍ਰਣਾਲੀਆਂ ਤੋਂ ਇਨਕਾਰ ਕਰਦਾ ਹੈ ਜੋ ਪ੍ਰਚਲਿਤ ਹਨ। ਇਸ ਕ੍ਰਮ ਵਿੱਚ, ਭਾਰਤੀ ਰੁੱਖ ਨਿੰਮ ਦੇ ਚਿਕਿਤਸਕ ਗੁਣਾਂ ਨੂੰ ਪਹਿਲਾਂ ਅਮਰੀਕਾ ਅਤੇ ਜਾਪਾਨ ਦੀਆਂ ਕੰਪਨੀਆਂ ਦੁਆਰਾ ਪੇਟੈਂਟ ਕੀਤਾ ਗਿਆ ਸੀ। 3 ਦਸੰਬਰ, 1985 ਨੂੰ, ਅਮਰੀਕੀ ਕੰਪਨੀ ਵਿਕਵੁੱਡ ਨੂੰ ਨਿੰਮ ਦੇ ਕੀਟਨਾਸ਼ਕ ਗੁਣਾਂ ਦੀ ਬੁਨਿਆਦੀ ਖੋਜ ਦੇ ਪਹਿਲੇ ਦਾਅਵੇ ਦੇ ਆਧਾਰ 'ਤੇ ਬੌਧਿਕ ਸੰਪੱਤੀ ਦੇ ਅਧਿਕਾਰ ਦਿੱਤੇ ਗਏ ਸਨ। ਇਸ ਤੋਂ ਪਹਿਲਾਂ 7 ਮਈ 1985 ਨੂੰ ਜਾਪਾਨੀ ਕੰਪਨੀ ਤਰੂਮੋ ਨੇ ਨਿੰਮ ਦੇ ਸੱਕ ਦੇ ਤੱਤ ਅਤੇ ਇਸ ਦੇ ਲਾਭਾਂ ਨੂੰ ਨਵੀਂ ਖੋਜ ਮੰਨਿਆ ਅਤੇ ਇਸ ਨੂੰ ਬੌਧਿਕ ਸੰਪਤੀ ਯਾਨੀ ਇਸ 'ਤੇ ਏਕਾਧਿਕਾਰ ਦੇ ਦਿੱਤਾ। ਨਤੀਜਾ ਇਹ ਨਿਕਲਿਆਇਸ ਤੋਂ ਬਾਅਦ ਪੇਟੈਂਟ ਕਰਵਾਉਣ ਦੀ ਪ੍ਰਕਿਰਿਆ ਤੇਜ਼ ਹੁੰਦੀ ਗਈ। ਇੱਥੋਂ ਤੱਕ ਕਿ ਹਲਦੀ, ਕਰੇਲਾ, ਜਾਮੁਨ, ਤੁਲਸੀ, ਲੇਡੀਜ਼ ਫਿੰਗਰ, ਅਨਾਰ, ਆਂਵਲਾ, ਰੀਠਾ, ਅਰਜੁਨ, ਆਂਵਲਾ, ਅਸ਼ਵਗੰਧਾ, ਕਸਟਾਰਡ ਐਪਲ, ਅਦਰਕ, ਕਟਹਲ, ਅਰਜੁਨ, ਅਰੰਡੀ, ਸਰ੍ਹੋਂ, ਬਾਸਮਤੀ ਚਾਵਲ, ਬੈਂਗਣ ਅਤੇ ਖਰਬੂਜੇ ਦੀ ਪਤੰਗਬਾਜ਼ੀ ਵੀ ਆ ਗਈ। . ਸਭ ਤੋਂ ਨਵਾਂ ਪੇਟੈਂਟ ਭਾਰਤੀ ਹੈ। ਇਸ ਦਾ ਪੇਟੈਂਟ ਅਮਰੀਕੀ ਬੀਜ ਕੰਪਨੀ ਮੋਨਸੈਂਟੋ ਨੂੰ ਖਰਬੂਜੇ ਲਈ ਇਹ ਕਹਿ ਕੇ ਦਿੱਤਾ ਗਿਆ ਸੀ ਕਿ ਇਸ ਨੇ ਬੀਜ ਅਤੇ ਪੌਦੇ ਵਿਚ ਕੁਝ ਜੈਨੇਟਿਕ ਬਦਲਾਅ ਕੀਤੇ ਹਨ, ਜਿਸ ਕਾਰਨ ਇਹ ਹਾਨੀਕਾਰਕ ਬੈਕਟੀਰੀਆ ਦਾ ਟਾਕਰਾ ਕਰਨ ਦੇ ਸਮਰੱਥ ਹੋ ਗਿਆ ਹੈ।

ਭਾਰਤੀ ਵਿਗਿਆਨੀਆਂ ਨੇ ਇਸ ਕਾਰਵਾਈ ਦਾ ਕਾਰਨ ਪੌਦਿਆਂ ਨੂੰ ਦਿੱਤਾ ਹੈ।ਕਿਹਾ ਲੁੱਟ. ਗਲੋਬਲ ਵਪਾਰੀ ਚੰਗੀ ਤਰ੍ਹਾਂ ਜਾਣਦੇ ਸਨ ਕਿ ਸੰਸਾਰ ਵਿੱਚ ਪਾਏ ਜਾਣ ਵਾਲੇ ਬਨਸਪਤੀ ਵਿੱਚੋਂ ਪੰਦਰਾਂ ਹਜ਼ਾਰ ਅਜਿਹੇ ਹਨ ਜੋ ਸਿਰਫ਼ ਭਾਰਤ ਵਿੱਚ ਹੀ ਪਾਏ ਜਾਂਦੇ ਹਨ। ਇਨ੍ਹਾਂ ਦਵਾਈਆਂ ਅਤੇ ਖਾਣ-ਪੀਣ ਦੀਆਂ ਵਸਤੂਆਂ ਦੀ 160 ਫੀਸਦੀ ਵਰਤੋਂ ਬਾਰੇ ਆਮ ਭਾਰਤੀ ਜਾਣੂ ਹੈ। ਇਸ ਲਈ ਹਰ ਕੋਈ ਜਾਣਦਾ ਹੈ ਕਿ ਕਰੇਲੇ ਅਤੇ ਬਲੈਕਬੇਰੀ ਦੀ ਵਰਤੋਂ ਸ਼ੂਗਰ ਤੋਂ ਛੁਟਕਾਰਾ ਪਾਉਣ ਦੇ ਉਪਚਾਰਾਂ ਵਿੱਚ ਸ਼ਾਮਲ ਹੈ। ਪਰ ਉਨ੍ਹਾਂ ਦੇ ਪੇਟੈਂਟ ਦੇ ਬਹਾਨੇ ਅਮਰੀਕੀ ਕੰਪਨੀ ਕ੍ਰੋਮਕ ਰਿਸਰਚ ਨੇ ਨਵੀਂ ਕਾਢ ਦਾ ਦਾਅਵਾ ਕਰਕੇ ਏਕਾਧਿਕਾਰ ਹਾਸਲ ਕਰ ਲਿਆ ਹੈ। ਕੀ ਇਹਨਾਂ ਨੂੰ ਮੂਲ ਕਾਢਾਂ ਮੰਨਿਆ ਜਾ ਸਕਦਾ ਹੈ? ਇਸੇ ਤਰ੍ਹਾਂ ਕੇਰਲਾ ਵਿੱਚ ਪਾਇਆ ਗਿਆਇੰਗਲੈਂਡ ਦੀ ਰੋਜ਼ਲਿਨ ਇੰਸਟੀਚਿਊਟ ਨੇ ਮਸ਼ਹੂਰ 'ਵੇਚੁਰ' ਨਸਲ ਦੀਆਂ ਗਾਵਾਂ ਦੇ ਦੁੱਧ ਵਿੱਚ ਪਾਏ ਜਾਣ ਵਾਲੇ ਪਦਾਰਥ 'ਅਲਫ਼ਾ ਲੈਕਟਲਬਿਊਮਿਨ' ਦਾ ਪੇਟੈਂਟ ਕਰਵਾਇਆ ਹੈ। ਕਰਵਾ ਲਿਆ ਸੀ।

ਇਨ੍ਹਾਂ ਗਾਵਾਂ ਦੇ ਦੁੱਧ ਵਿੱਚ ਚਰਬੀ ਦੀ ਮਾਤਰਾ 6.02 ਤੋਂ 7.86 ਪ੍ਰਤੀਸ਼ਤ ਤੱਕ ਹੁੰਦੀ ਹੈ, ਜੋ ਯੂਰਪ ਵਿੱਚ ਪਾਈਆਂ ਜਾਣ ਵਾਲੀਆਂ ਕਿਸੇ ਵੀ ਗਊ ਨਸਲ ਵਿੱਚ ਨਹੀਂ ਮਿਲਦੀ। ਯੂਰਪ ਵਿੱਚ ਪਨੀਰ ਅਤੇ ਮੱਖਣ ਦਾ ਵੱਡਾ ਵਪਾਰ ਹੁੰਦਾ ਹੈ ਅਤੇ ਦੁੱਧ ਉਤਪਾਦਨ ਵਿੱਚ ਭਾਰਤ ਮੋਹਰੀ ਦੇਸ਼ ਹੈ। ਇਸ ਲਈ ਅਮਰੀਕਾ ਅਤੇ ਇੰਗਲੈਂਡ 'ਵੇਚੁਰ' ਗਾਂ। ਜੀਨਾਂ ਦੀ ਵਰਤੋਂ ਯੂਰਪੀਅਨ ਗਾਵਾਂ ਦੇ ਪ੍ਰਜਨਨ ਲਈ ਕੀਤੀ ਜਾਵੇਗੀ ਅਤੇ ਪਨੀਰ ਅਤੇ ਮੱਖਣ ਤੋਂ ਲੱਖਾਂ ਡਾਲਰ ਦਾ ਲਾਭ ਹੋਵੇਗਾ।ਇਕੱਠੀ ਕਰੇਗਾ। ਇਸੇ ਤਰ੍ਹਾਂ ਭਾਰਤ, ਪਾਕਿਸਤਾਨ ਅਤੇ ਬੰਗਲਾਦੇਸ਼ ਵਿੱਚ ਭਰਪੂਰ ਮਾਤਰਾ ਵਿੱਚ ਪੈਦਾ ਹੋਣ ਵਾਲੇ ਬਾਸਮਤੀ ਚੌਲਾਂ ਦਾ ਪੇਟੈਂਟ ਅਮਰੀਕੀ ਕੰਪਨੀ ਰਾਈਸਟੈਕ ਨੇ ਹੜੱਪ ਲਿਆ ਸੀ।

ਇਸ ਚੌਲਾਂ ਵਿੱਚ ਅਲੀਮੈਂਟਰੀ ਕੈਨਾਲ ਨੂੰ ਸਿਹਤਮੰਦ ਰੱਖਣ ਵਿੱਚ ਔਸ਼ਧੀ ਗੁਣ ਹੁੰਦੇ ਹਨ। ਸਰੀਰ ਵਿੱਚ ਸੱਟਾਂ ਨੂੰ ਠੀਕ ਕਰਨ ਲਈ ਹਲਦੀ ਦੀ ਵਰਤੋਂ ਰਵਾਇਤੀ ਗਿਆਨ ਦੇ ਆਧਾਰ 'ਤੇ ਕੀਤੀ ਜਾਂਦੀ ਹੈ। ਇਸ ਵਿਚ ਕੈਂਸਰ ਦੇ ਕੀਟਾਣੂਆਂ ਨੂੰ ਸਰੀਰ ਵਿਚ ਵਧਣ ਤੋਂ ਰੋਕਣ ਦੀ ਸਮਰੱਥਾ ਵੀ ਹੁੰਦੀ ਹੈ। ਹਲਦੀ ਦੀ ਵਰਤੋਂ ਸ਼ੂਗਰ ਅਤੇ ਬਵਾਸੀਰ ਵਿੱਚ ਇੱਕ ਕਾਰਗਰ ਦਵਾਈ ਦੇ ਰੂਪ ਵਿੱਚ ਕੀਤੀ ਜਾਂਦੀ ਹੈ। ਕਰੋਨਾ ਦੇ ਦੌਰ ਦੌਰਾਨ ਕਰੋੜਾਂ ਲੋਕਾਂ ਨੇ ਵਾਇਰਸ ਦੇ ਪ੍ਰਭਾਵਾਂ ਨੂੰ ਖਤਮ ਕਰਨ ਲਈ ਉਪਾਅ ਕੀਤੇ।ਇਸ ਨੂੰ ਦੁੱਧ 'ਚ ਮਿਲਾ ਕੇ ਪੀਓ। ਹੈਰਾਨੀ ਦੀ ਗੱਲ ਇਹ ਹੈ ਕਿ ਇਸ ਨੂੰ ਇੱਕ ਅਮਰੀਕੀ ਕੰਪਨੀ ਨੇ ਪੇਟੈਂਟ ਵੀ ਕਰਵਾਇਆ ਸੀ ਪਰ ਭਾਰਤ ਸਰਕਾਰ ਨੇ ਇਸ ਨੂੰ ਚੁਣੌਤੀ ਦੇ ਕੇ ਰੱਦ ਕਰ ਦਿੱਤਾ ਹੈ। ਇਸ ਸੰਦਰਭ ਵਿੱਚ, ਇਹ ਮਾਣ ਵਾਲੀ ਗੱਲ ਹੈ ਕਿ ਭਾਰਤ ਪੇਟੈਂਟ ਫਾਈਲ ਕਰਨ ਵੱਲ ਵਧ ਰਿਹਾ ਹੈ।

ਵਿਜੈ ਗਰਗ ਰਿਟਾਇਰਡ ਪ੍ਰਿੰਸੀਪਲ ਐਜੂਕੇਸ਼ਨਲ ਕਾਲਮਨਿਸਟ ਸਟਰੀਟ ਕੌਰ ਚੰਦ ਐਮ.ਐਚ.ਆਰ ਮਲੋਟ ਪੰਜਾਬ।




## ਕੈਨੇਡੀਅਨ ਪੰਜਾਬੀ ਪੋਸਟ CLASSIFIEDS

Award winning news paper | Canadian Punjabi Post
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

### ਲੜਕੀ ਦੀ ਲੋੜ

Well Settled Ramgarhia Family in Winnipeg looking for a suitable match for their son,34 years old,5-10"tall, cleanshave, Canadian Citizen. Call at 204-510-7658 for more info.

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com




### ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013




**Allseas Fisheries Inc. is Hiring!**

**DZ licensed delivery drivers needed.**

Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

### ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




### ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜ਼ਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664









# ਸੈਨਿਕ ਸਕੂਲ ਕਪੂਰਥਲਾ ਨੇ ਅਕਾਦਮਿਕ ਸੈਸ਼ਨ 2025-26 ਲਈ ਦਾਖਲੇ ਖੋਲ੍ਹੇ

*ਸੂਬਾ ਸਰਕਾਰ ਵੱਲੋਂ ਪੰਜਾਬ ਦੀ ਨਾਗਰਿਕਤਾ ਵਾਲੇ ਕੈਡਿਟਾਂ ਨੂੰ ਆਮਦਨ ਅਧਾਰਤ ਵਜ਼ੀਫੇ ਦੀ ਸਹੂਲਤ
*ਆਨਲਾਈਨ ਬਿਨੈ-ਪੱਤਰ ਜਮ੍ਹਾਂ ਕਰਾਉਣ ਦੀ ਆਖਰੀ ਮਿਤੀ 13 ਜਨਵਰੀ 2025



ਚੰਡੀਗੜ੍ਹ, 1 ਜਨਵਰੀ (ਪੋਸਟ ਬਿਊਰੋ): ਸੈਨਿਕ ਸਕੂਲ ਵਿੱਚ ਦਾਖਲੇ ਸਬੰਧੀ ਜਾਣਕਾਰੀ ਦਿੰਦਿਆਂ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਸੈਨਿਕ ਸਕੂਲ ਕਪੂਰਥਲਾ ਨੇ ਆਲ ਇੰਡੀਆ ਸੈਨਿਕ ਸਕੂਲਜ਼ ਪ੍ਰਵੇਸ਼ ਪ੍ਰੀਖਿਆ (ਏ.ਆਈ.ਐੱਸ.ਐੱਸ.ਈ.ਈ.) ਰਾਹੀਂ ਅਕਾਦਮਿਕ ਸੈਸ਼ਨ 2025-26 ਲਈ 6ਵੀਂ ਅਤੇ 9ਵੀਂ ਜਮਾਤਾਂ ਵਿੱਚ ਦਾਖਲੇ ਲਈ ਆਨਲਾਈਨ ਅਰਜ਼ੀਆਂ ਦੀ ਮੰਗ ਕੀਤੀ ਹੈ। ਨੈਸ਼ਨਲ ਟੈਸਟਿੰਗ ਏਜੰਸੀ (ਐਨ.ਟੀ.ਏ.) ਵੱਲੋਂ ਕਰਵਾਈ ਜਾਂਦੀ ਇਹ ਦਾਖਲਾ ਪ੍ਰੀਖਿਆ, 6ਵੀਂ ਅਤੇ 9ਵੀਂ ਜਮਾਤ ਦੇ ਲੜਕੇ - ਲੜਕੀਆਂ ਦੋਵਾਂ ਲਈ ਖੁੱਲ੍ਹੀ ਹੈ। ਇਮਤਿਹਾਨ ਦੀ ਅਸਲ ਮਿਤੀ ਸਬੰਧੀ ਜਾਣਕਾਰੀ ਜਲਦ ਹੀ ਐਨ.ਟੀ.ਏ. ਦੀ ਵੈੱਬਸਾਈਟ ’ਤੇ ਸਾਂਝੀ ਕਰ ਦਿੱਤੀ ਜਾਵੇਗੀ।

ਬੁਲਾਰੇ ਨੇ ਅੱਗੇ ਦੱਸਿਆ ਕਿ 6ਵੀਂ ਜਮਾਤ ਲਈ ਉਮੀਦਵਾਰਾਂ ਦੀ ਉਮਰ 10-12 ਸਾਲ ਦੇ ਵਿਚਕਾਰ ਹੋਣੀ ਚਾਹੀਦੀ ਹੈ ਅਤੇ 9ਵੀਂ ਜਮਾਤ ਲਈ ਬਿਨੈ ਕਰਨ ਵਾਲੇ ਉਮੀਦਵਾਰ ਦੀ ਉਮਰ 31 ਮਾਰਚ, 2025 ਤੱਕ 13-15 ਸਾਲ ਦੇ ਵਿਚਕਾਰ ਹੋਣੀ ਚਾਹੀਦੀ ਹੈ। ਇਹ ਉਮਰ ਮਾਪਦੰਡ ਇਹ ਯਕੀਨੀ ਬਣਾਉਂਦੇ ਹਨ ਕਿ ਬਿਨੈਕਾਰ ਢੁਕਵੇਂ ਢੰਗ ਨਾਲ ਸਕੂਲ ਵਿੱਚ ਦਿੱਤੀ ਗਈ ਅਕਾਦਮਿਕ ਅਤੇ ਸਰੀਰਕ ਸਿਖਲਾਈ ਲਈ ਤਿਆਰ ਹਨ।

ਵਿੱਤੀ ਸਹਾਇਤਾ ਦੇ ਸਬੰਧੀ ਦੱਸਦਿਆਂ ਬੁਲਾਰੇ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਦੀ ਨਾਗਰਿਕਤਾ ਵਾਲੇ ਕੈਡਿਟਾਂ ਲਈ ਆਮਦਨ ਅਧਾਰਤ ਵਜ਼ੀਫੇ ਦੀ ਵੀ ਸਹੂਲਤ ਹੈ। 3 ਲੱਖ ਰੁਪਏ ਤੱਕ ਦੀ ਸਾਲਾਨਾ ਆਮਦਨ ਵਾਲੇ ਪਰਿਵਾਰ ਦੇ ਕੈਡਿਟ ਰਿਆਇਤ ਵਜੋਂ ਪੂਰੀ ਦੀ ਪੂਰੀ ਟਿਊਸ਼ਨ ਫੀਸ ਵਾਪਸ ਲੈਣ ਦੇ ਯੋਗ ਹਨ , ਜਦ ਕਿ 3,00,001 ਤੋਂ 5,00,000 ਦੇ ਵਿਚਕਾਰ ਕਮਾਉਣ ਵਾਲੇ ਪਰਿਵਾਰ ਦੇ ਕੈਡਿਟਾਂ ਨੂੰ 75 ਫੀਸਦ ਟਿਊਸ਼ਨ ਫੀਸ , 5,00,001 ਤੋਂ 7,50,000 ਤੱਕ ਦੀ ਆਮਦਨ ਵਾਲਿਆਂ ਨੂੰ 50 ਫੀਸਦ , 7,50,001 ਤੋਂ 10,00,000 ਤੱਕ ਸਾਲਾਨਾ ਆਮਦਨ ਵਾਲੇ ਪਰਿਵਾਰਾਂ ਦੇ ਕੈਡਿਟਾਂ ਨੂੰ 25 ਫੀਸਦ ਟਿਊਸ਼ਨ ਫੀਸ ਰਿਆਇਤ ਵਜੋਂ ਵਾਪਸ ਕੀਤੀ ਜਾਂਦੀ ਹੈ। 10,00,000 ਰੁਪਏ ਤੋਂ ਵੱਧ ਸਾਲਾਨਾ ਆਮਦਨ ਵਾਲੇ ਪਰਿਵਾਰਾਂ ਨੂੰ ਕੋਈ ਵਿੱਤੀ ਸਹਾਇਤਾ ਨਹੀਂ ਦਿੱਤੀ ਜਾਂਦੀ ।

ਬੁਲਾਰੇ ਨੇ ਅੱਗੇ ਦੱਸਿਆ ਕਿ ਯੋਗ ਕੈਡਿਟਾਂ ਲਈ ਹੋਰ ਕਿਸਮ ਦੀ ਵਿੱਤੀ ਸਹਾਇਤਾ ਉਪਲਬਧ ਹੈ, ਜਿਸ ਵਿੱਚ ਰੈਂਕ ਦੇ ਆਧਾਰ ’ਤੇ ਰੱਖਿਆ ਕਰਮੀਆਂ ਦੇ ਬੱਚਿਆਂ ਲਈ ਰੱਖਿਆ ਮੰਤਰਾਲੇ ਵੱਲੋਂ ਵਜ਼ੀਫੇ, ਰੱਖਿਆ ਮੰਤਰਾਲੇ ਵੱਲੋਂ ਕੇਂਦਰੀ ਸਹਾਇਤਾ, ਦੋ ਸਾਲਾਂ ਲਈ ਐਨ.ਡੀ.ਏ. ਪ੍ਰੋਤਸਾਹਨ ਅਤੇ ਬਿਹਾਰ ਦੀ ਨਾਗਰਿਕਤਾ ਵਾਲੇ ਕੈਡਿਟਾਂ ਲਈ ਬਿਹਾਰ ਸਰਕਾਰ ਦੇ ਵਜ਼ੀਫੇ ਸ਼ਾਮਲ ਹਨ।

ਆਨਲਾਈਨ ਬਿਨੈ-ਪੱਤਰ ਫਾਰਮ ਜਮ੍ਹਾਂ ਕਰਨ ਦੀ ਆਖਰੀ ਮਿਤੀ 13 ਜਨਵਰੀ 2025 (ਸ਼ਾਮ 5:00 ਵਜੇ ਤੱਕ) ਹੈ।

# ਵਿਜੀਲੈਂਸ ਬਿਊਰੋ ਨੇ ਸਾਲ 2024 ਦੌਰਾਨ 173 ਮੁਲਜ਼ਮ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕੀਤੇ : ਚੀਫ ਡਾਇਰੈਕਟਰ ਵਰਿੰਦਰ ਕੁਮਾਰ

ਚੰਡੀਗੜ੍ਹ, 1 ਜਨਵਰੀ (ਪੋਸਟ ਬਿਊਰੋ): ਸਮਾਜ ਵਿੱਚੋਂ ਭ੍ਰਿਸ਼ਟਾਚਾਰ ਨੂੰ ਜੜ੍ਹੋਂ ਖਤਮ ਕਰਨ, ਰਿਸ਼ਵਤਖੋਰਾਂ ਨੂੰ ਨੱਥ ਪਾਉਣ ਅਤੇ ਜਨਤਕ ਖੇਤਰ ਵਿੱਚੋਂ ਇਸ ਸਮਾਜਿਕ ਬੁਰਾਈ ਨੂੰ ਠੱਲ੍ਹ ਪਾਉਣ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਪੰਜਾਬ ਵਿਜੀਲੈਂਸ ਬਿਊਰੋ ਨੇ ਦ੍ਰਿੜਤਾ ਇੱਕ ਬਹੁ-ਨੁਕਾਤੀ ਪਹੁੰਚ ਅਪਣਾਈ ਅਤੇ ਭ੍ਰਿਸ਼ਟਾਚਾਰ ਸਬੰਧੀ ਸਾਲ 2024 ਦੌਰਾਨ 173 ਮੁਲਜ਼ਮ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕੀਤੇ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਚੀਫ ਡਾਇਰੈਕਟਰ-ਕਮ-ਸਪੈਸ਼ਲ ਡੀਜੀਪੀ ਵਰਿੰਦਰ ਕੁਮਾਰ ਨੇ ਦੱਸਿਆ ਕਿ ਵਿਜੀਲੈਂਸ ਬਿਊਰੋ ਨੇ ਸਾਲ 2024 ਦੌਰਾਨ ਵੱਖ-ਵੱਖ ਵਿਭਾਗਾਂ ਦੇ 139 ਅਧਿਕਾਰੀਆਂ/ਕਰਮਚਾਰੀਆਂ ਅਤੇ 34 ਆਮ ਵਿਅਕਤੀਆਂ ਨੂੰ 134 ਟਰੈਪ ਕੇਸਾਂ ਵਿੱਚ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਵੱਖ-ਵੱਖ ਕਿਸਮ ਦੇ ਭ੍ਰਿਸ਼ਟਾਚਾਰ ਮਾਮਲਿਆਂ ਦੇ ਸਬੰਧ ਵਿੱਚ, ਵਿਜੀਲੈਂਸ ਬਿਊਰੋ ਨੇ 1 ਜਨਵਰੀ ਤੋਂ 31 ਦਸੰਬਰ, 2024 ਤੱਕ 10 ਗਜ਼ਟਿਡ ਅਧਿਕਾਰੀਆਂ (ਜੀ.ਓ.) ਅਤੇ 129 ਨਾਨ-ਗਜ਼ਟਿਡ ਅਧਿਕਾਰੀ (ਐਨ.ਜੀ.ਓ.) ਨੂੰ ਗ੍ਰਿਫਤਾਰ ਕੀਤਾ ਹੈ।

ਵਿਜੀਲੈਂਸ ਬਿਊਰੋ ਦੇ ਮੁਖੀ ਨੇ ਖੁਲਾਸਾ ਕੀਤਾ ਕਿ ਇਸ ਸਾਲ ਦੌਰਾਨ ਹੋਰਨਾਂ ਵਿਭਾਗਾਂ ਤੋਂ ਇਲਾਵਾ ਪੰਜਾਬ ਪੁਲਿਸ ਦੇ 53, ਮਾਲ ਵਿਭਾਗ ਦੇ 33, ਬਿਜਲੀ ਵਿਭਾਗ ਦੇ 9, ਪੰਚਾਇਤਾਂ ਅਤੇ ਪੇਂਡੂ ਵਿਕਾਸ ਦੇ 3, ਸਿਹਤ ਵਿਭਾਗ ਦੇ 8, ਸਥਾਨਕ ਸਰਕਾਰਾਂ ਵਿਭਾਗ ਦੇ 18, ਖੁਰਾਕ ਅਤੇ ਸਿਵਲ ਸਪਲਾਈ ਦੇ 3 ਮੁਲਾਜ਼ਮਾਂ ਨੂੰ ਵੱਖ-ਵੱਖ ਮਾਮਲਿਆਂ ਵਿੱਚ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ। ਇਸ ਤੋਂ ਇਲਾਵਾ ਵਿਜੀਲੈਂਸ ਬਿਊਰੋ ਨੇ ਵਣ ਵਿਭਾਗ, ਕਿਰਤ, ਵਿੱਤ ਅਤੇ ਟਰਾਂਸਪੋਰਟ ਵਿਭਾਗ ਦੇ ਦੋ-ਦੋ ਮੁਲਾਜ਼ਮਾਂ ਨੂੰ ਵੀ ਭ੍ਰਿਸ਼ਟਾਚਾਰ ਦੇ ਕੇਸਾਂ ਵਿੱਚ ਗ੍ਰਿਫ਼ਤਾਰ ਕੀਤਾ ਹੈ।

ਬਿਊਰੋ ਦੀ ਕਾਰਗੁਜ਼ਾਰੀ ਬਾਰੇ ਹੋਰ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਵਿਜੀਲੈਂਸ ਬਿਊਰੋ ਨੇ ਮੁਲਜ਼ਮਾਂ ਵਿਰੁੱਧ 124 ਅਪਰਾਧਿਕ ਕੇਸ ਦਰਜ ਕੀਤੇ ਹਨ, ਜਿਨ੍ਹਾਂ ਵਿੱਚ 29 ਗਜ਼ਟਿਡ ਅਫ਼ਸਰ, 117 ਨਾਨ-ਗਜ਼ਟਿਡ ਅਧਿਕਾਰੀਆਂ ਅਤੇ 117 ਆਮ ਵਿਅਕਤੀ ਸ਼ਾਮਲ ਹਨ। ਇਸ ਤੋਂ ਇਲਾਵਾ 26 ਅਧਿਕਾਰੀਆਂ, 27 ਨਾਨ-ਗਜ਼ਟਿਡ ਅਧਿਕਾਰੀਆਂ ਅਤੇ 7 ਹੋਰ ਆਮ ਵਿਅਕਤੀਆਂ ਵਿਰੁੱਧ ਭ੍ਰਿਸ਼ਟਾਚਾਰ ਦੀਆਂ ਸ਼ਿਕਾਇਤਾਂ ਦੀ ਜਾਂਚ ਲਈ 60 ਵਿਜੀਲੈਂਸ ਪੜਤਾਲਾਂ ਦਰਜ ਕੀਤੀਆਂ ਗਈਆਂ ਹਨ। ਇਸ ਤੋਂ ਇਲਾਵਾ 3 ਨਾਨ-ਗਜ਼ਟਿਡ ਅਧਿਕਾਰੀਆਂ ਖਿਲਾਫ ਵੀ ਆਮਦਨ ਤੋਂ ਵੱਧ ਜਾਇਦਾਦ ਬਣਾਉਣ ਸਬੰਧੀ 3 ਕੇਸ ਦਰਜ ਕੀਤੇ ਗਏ ਹਨ।

ਇਸ ਤੋਂ ਇਲਾਵਾ, 1 ਗਜ਼ਟਿਡ ਅਧਿਕਾਰੀ ਅਤੇ 1 ਨਾਨ-ਗਜ਼ਟਿਡ ਅਧਿਕਾਰੀਆਂ ਨੂੰ ਵਿਜੀਲੈਂਸ ਬਿਊਰੋ ਵੱਲੋਂ ਦਰਜ ਕੇਸਾਂ ਦਾ ਫੈਸਲਾ ਕਰਦੇ ਸਮੇਂ ਵੱਖ-ਵੱਖ ਅਦਾਲਤਾਂ ਦੁਆਰਾ ਦੋਸ਼ੀ ਠਹਿਰਾਏ ਜਾਣ ਕਾਰਨ ਉਨ੍ਹਾਂ ਦੇ ਸਬੰਧਤ ਪ੍ਰਸ਼ਾਸਨਿਕ ਵਿਭਾਗਾਂ ਦੁਆਰਾ ਉਨ੍ਹਾਂ ਨੂੰ ਨੌਕਰੀ ਤੋਂ ਬਰਖਾਸਤ ਕਰ ਦਿੱਤਾ ਗਿਆ ਹੈ।




The Mortgage Centre
We work for you, not the lenders.
Second Mortgage
Debt Consolidation
Renovations & Repairs
Avoiding High penalities
If you are looking for independent mortgage or protection advice....
We're here to help.
* Competitive rates
* Flexible terms
* Fast approval process
No Credit or becon score check.
No income verifiaction.
Interest payments only.
Pay off high interest debts.
75%-80% LTV.
Must have home equity.....
For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5
Rexdale Financial Services


Urgently Need New Listings in Brampton/Caledon
visit: www.teamjagaujla.com
Call JAG AUJLA
MCNE, REAL ESTATE BROKER
DIR: 416-371-7777
j.aujla@rogers.com
www.jagaujla.com
CALL JAG FOR A QUICK & FREE HOME EVALUATION
www.BramptonTopRealtor.com
www.BramptonTopAgent.com
URGENTLY NEED NEW LISTINGS IN THIS AREA
RECENTLY LISTED/SOLD IN YOUR NEIGHBOURHOOD BY JAG AUJLA
NEW Listing in *MISSISSAUGA*
Winston Churchill/Collegeway/Council Ring
Approx. 2000 sq.ft.
NEW Listing in *BRAMPTON*
James Potter/Queen/Bonnie Brae
Approx. 3000-3500 sq.ft.
Listed in *BRAMPTON*
Bovaird/Mclaughlin/Fletchers Creek
2000 sq.ft.
NEW Listing in *BRAMPTON*
Hwy 10/Sandalwood/Braidwood
NEW Listing in *BRAMPTON*
Chinguacousy/Williams Pkwy/Bovaird
Listed in *MISSISSAUGA*
Burnhamthorpe/Confederation
900-999 sq.ft.
FREE
Full MLS Services
Consistently Marketing Your Property Until SOLD
Competitive Rates, Exceptional Service & Award Winning Results
Staging Consultation
Billboard, Flyer, Newspaper
Online Promotion
Professional Pictures and Virtual Tour
Social media & Radio Advertisement
Open House Until Sold
RE/MAX Realty Specialists Inc. Brokerage
Off: 905-456-3232
Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022


MERRY Christmas
and Happy New Year!
ASIAN FOOD CENTRE
20 Dec to 5 Jan 2025
BIKANERI COOKIES $6.49 2.5Lb
BR GOODDDAY COOKIES 3 For $2.00
POPULAR PARATHA $3.29 960g
BRAR VEG BURGER/ALOO TIKKI $6.99
ASIAN KALA CHANA $4.99 4Lb
URAD WHOLE $6.99 4Lb
TAJ ATTA $10.99 20Lb
DEEP MULTIGRAIN ATTA $12.99 20Lb
CROWN DURAM ATTA $11.99 20Lb
MODHANI DAHI $2.29 750g
MODHANI PANEER $3.99 300g
ALMOND $5.49 per/Lb
PEANUTS $2.49 per/Lb
FROOTI KESAR MANGO PULP $2.99 850g
BR FIFTY-FIFTY FAMILY PACK $1.99 372g
CRISPY NAMAK PARA /MASALA PARA $3.99 360g
TRUST WHITE SUGAR $11.99 5kg
HAPPY PANEER $4.49 300g
VADHIYA MUSTRAD OIL $9.99 2ltr
LAXMI MUSTARD OIL $23.99 5Ltr
VERKA DESI GHEE $25.99 3.5Lb
BRAR DESI GHEE $26.99 1.6kg
BRAR MAKHANI $12.99 500g
DEEP PITTED DATES $4.99 680g
PAKISTANI ROOHAFZA $4.49
LINDA SOAP $2.29
DABUR REAL ASST JUICE $3.49 1Ltr
PALMOLIVE ASST DISHWASHING LIQUID $3.99 828ml
HEINZ KETCHUP $5.99 1Ltr
BIKANO SNACKS $0.99 150g
MAZOLA CORN & VEG OIL $13.99 2.84Ltr
WAGHBAKRI TEA $10.99 2Lb
SAVERA KHOYA $5.99 341g
TASTY ASST BOONDI $2.49 340g
SAVERA RASMALAI $7.99
Y&Y CHOWMEIN NOODLES $3.29 400g
SHAN GINGER/GARLIC PASTE $4.99 700g
SHAN MANGO MIX HYDRABADI $3.99 1Kg
DEEP ALOO HOMESTYLE METHI MIX PARATHA $2.99 350g 400g
PACHRANGA AMLA MURABA $5.99 1Kg
BRITANNIA BOURBON $2.79 390g
DEEP ASST DOSA $2.99
DEEP TANDOOR NAAN 5Pc ONION KULCHA 4Pc $2.99
THAKAR DAHI BHALLA $7.99 20pc
ASIAN MOTH WHOLE $5.99 4Lb
ASIAN CORN POHA $1.29 200g
BR SUJI RUSK $1.49 305g
POPULAR PARATHA $7.99 25Pcs
TASTY FROZEN GREEN PEAS $6.99 1.70Kg
HALDIRAM PARATHA & NAAN $1.49 360g/400G
TONIKA MUSTARD OIL $2.99 500ml
PHAGWARA BROWN SUGAR $10.99 10Lb
ETOBICOKE 10 Westmore Dr. 416-740-3262
MISSISSAUGA 1075 Ceremonial Dr. 905-502-1600
BRAMPTON 621 Wanless Dr. 905-495-3336
BRAMPTON 2120 N Park Dr. 905-793-1338
BRAMPTON 80 Pertosa Dr. 905-460-0009
BRAMPTON 40 Airport Rd. 905-794-8109
BRAMPTON 10510 Torbram Rd.
BRAMPTON 10 Pannahill Dr. 905-913-8017
GULEPH 340 Woodlawn Rd. 226-669-0004
TOLL FREE 1-800-708-9232